# ਪ੍ਰਧਾਨ ਮੰਤਰੀ ਦੀ ਬ੍ਰਿਕਸ-ਅਫਰੀਕਾ ਆਊਟਰੀਚ ਅਤੇ ਬ੍ਰਿਕਸ ਪਲੱਸ ਡਾਇਲਾਗ ਵਿੱਚ ਭਾਗੀਦਾਰੀ

24 ਅਗਸਤ, 2023

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਜੋਹਾਨਸਬਰਗ ਵਿੱਚ 24 ਅਗਸਤ, 2023 ਨੂੰ ਬ੍ਰਿਕਸ-ਅਫਰੀਕਾ ਆਊਟਰੀਚ ਅਤੇ ਬ੍ਰਿਕਸ ਪਲੱਸ ਡਾਇਲਾਗ ਵਿੱਚ ਹਿੱਸਾ ਲਿਆ।

ਮੀਟਿੰਗ ਵਿੱਚ ਬ੍ਰਿਕਸ ਦੇਸ਼ਾਂ ਦੇ ਨੇਤਾਵਾਂ ਦੇ ਨਾਲ-ਨਾਲ ਅਫਰੀਕਾ, ਏਸ਼ੀਆ ਅਤੇ ਲਾਤੀਨੀ ਅਮਰੀਕਾ ਦੇਸ਼ਾਂ ਤੋਂ ਆਏ ਮਹਿਮਾਨਾਂ ਨੇ ਵੀ ਭਾਗ ਲਿਆ।

ਆਪਣੇ ਭਾਸਣ ਦੌਰਾਨ ਪ੍ਰਧਾਨ ਮੰਤਰੀ ਨੇ ਬ੍ਰਿਕਸ ਨੂੰ ਗਲੋਬਲ ਸਾਊਥ ਦੀ ਆਵਾਜ਼ ਬਣਨ ਦਾ ਸੱਦਾ ਦਿੱਤਾ। ਉਨ੍ਹਾਂ ਨੇ ਅਫਰੀਕਾ ਨਾਲ ਭਾਰਤ ਦੀ ਨਜ਼ਦੀਕੀ ਭਾਈਵਾਲੀ ਨੂੰ ਉਜਾਗਰ ਕੀਤਾ ਅਤੇ ਏਜੰਡਾ 2063 ਦੇ ਤਹਿਤ ਅਫਰੀਕਾ ਦੀ ਵਿਕਾਸ ਯਾਤਰਾ ਵਿੱਚ ਸਮਰਥਨ ਕਰਨ ਲਈ ਭਾਰਤ ਦੀ ਵਚਨਬੱਧਤਾ ਪ੍ਰਗਟਾਈ।

ਪ੍ਰਧਾਨ ਮੰਤਰੀ ਨੇ ਬਹੁ-ਧਰੁਵੀ ਸੰਸਾਰ ਨੂੰ ਪੁਖ਼ਤਾ ਕਰਨ ਸਮੇਤ ਹੋਰ ਸਹਿਯੋਗ ਦੇਣ ਦਾ ਸੱਦਾ ਦਿੱਤਾ ਅਤੇ ਨਾਲ ਹੀ ਵਿਸ਼ਵ ਸੰਸਥਾਵਾਂ ਨੂੰ ਪ੍ਰਤੀਨਿਧ ਕਰਨ ਅਤੇ ਪ੍ਰਸੰਗਿਕ ਰੱਖਣ ਲਈ ਉਨ੍ਹਾਂ ਵਿੱਚ ਸੁਧਾਰ ਕਰਨ ਦੀ ਲੋੜ 'ਤੇ ਵੀ ਜ਼ੋਰ ਦਿੱਤਾ। ਉਨ੍ਹਾਂ ਨੇ ਨੇਤਾਵਾਂ ਨੂੰ ਅੱਤਵਾਦ ਦੇ ਟਾਕਰੇ, ਵਾਤਾਵਰਣ ਸੰਭਾਲ, ਜਲਵਾਯੂ ਕਾਰਵਾਈ, ਸਾਈਬਰ ਸੁਰੱਖਿਆ, ਭੋਜਨ ਅਤੇ ਸਿਹਤ ਸੁਰੱਖਿਆ ਸਮੇਤ ਲਚਕੀਲੀ ਸਪਲਾਈ ਚੇਨ ਦੇ ਖੇਤਰਾਂ ਵਿੱਚ ਸਹਿਯੋਗ ਕਰਨ ਦੀ ਅਪੀਲ ਕੀਤੀ। ਪ੍ਰਧਾਨ ਮੰਤਰੀ ਨੇ ਦੇਸ਼ਾਂ ਨੂੰ ਅੰਤਰਰਾਸ਼ਟਰੀ ਪਹਿਲਕਦਮੀਆਂ ਜਿਵੇਂ ਕਿ ਅੰਤਰਰਾਸ਼ਟਰੀ ਸੋਲਰ ਅਲਾਇੰਸ, ਵਨ ਸਨ ਵਨ ਵਰਲਡ ਵਨ ਗਰਿੱਡ, ਕੋਲੀਸ਼ਨ ਫਾਰ ਡਿਜ਼ਾਸਟਰ ਰਿਸੀਲੇਂਟ ਇਨਫਰਾਸਟਰਕਚਰ, ਵਨ ਅਰਥ ਵਨ ਹੈਲਥ, ਬਿਗ ਕੈਟ ਅਲਾਇੰਸ ਅਤੇ ਗਲੋਬਲ ਸੈਂਟਰ ਫਾਰ ਟ੍ਰੈਡੀਸ਼ਨਲ ਮੈਡੀਸਨ ਦਾ ਹਿੱਸਾ ਬਣਨ ਦਾ ਸੱਦਾ ਵੀ ਦਿੱਤਾ। ਉਨ੍ਹਾਂ ਨੇ ਭਾਰਤ ਦੇ ਡਿਜੀਟਲ ਪਬਲਿਕ ਇਨਫਰਾਸਟ੍ਰਕਚਰ ਸਟੈਕ ਨੂੰ ਸਾਂਝਾ ਕਰਨ ਦੀ ਪੇਸ਼ਕਸ਼ ਵੀ ਕੀਤੀ।

**ਜੋਹਾਨਸਬਰਗ**
**24 ਅਗਸਤ, 2023**